# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 21-05-2025**

- ਭਾਰਤ ਵਲੋਂ ਪਾਕਿਸਤਾਨ ਦੀ ਹਮਾਇਤ ਵਾਲੀ ਹਿਸ਼ਤਗਰਦੀ ਨੂੰ ਹੋਰ ਬੇਨਕਾਬ ਕਰਨ ਲਈ ਸ਼ੁਰੂ ਕੀਤੀ ਗਈ ਆਪਣੀ ਜ਼ੋਰਦਾਰ ਆਲਮੀ ਮੁਹਿੰਮ ਤਹਿਤ ਦੋ ਸਰਬ ਪਾਰਟੀ ਡੈਲੀਗੇਸ਼ਨ ਅੱਜ ਨੌਂ ਦੇਸ਼ਾਂ ਲਈ ਰਵਾਨਾ ਹੋਏ ਨੇ.
- ਸਰਹੱਦੀ ਸੁਰੱਖਿਆ ਬਲ ਨੇ ਅੰਮ੍ਰਿਤਸਰ ਅਤੇ ਪਠਾਨਕੋਟ ਦੇ ਸਰਹੱਦੀ ਇਲਾਕਿਆਂ ਤੋਂ 2 ਪਾਕਿਸਤਾਨੀ ਘੁਸਪੈਠੀਆਂ ਨੂੰ ਫੜਿਆ ਏ.
- ਸੂਬਾ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਵੱਡੇ ਪੱਧਰ ‘ਤੇ ਮਨਾਉਣ ਲਈ ਫੈਸਲਾ ਲਿਆ ਗਿਆ ਏ .
- ਭਾਰਤੀ ਮੌਸਮ ਵਿਭਾਗ ਨੇ ਇਸ ਮਹੀਨੇ ਦੀ 26 ਤਰੀਕ ਤੱਕ ਪੰਜਾਬ, ਹਰਿਆਣਾ, ਤੇ ਚੰਡੀਗੜ੍ਹ ਵਿੱਚ ਗਰਜ, ਤੇਜ਼ ਹਵਾਵਾਂ ਅਤੇ ਬਿਜਲੀ ਚਮਕਣ ਦੇ ਨਾਲ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਏ.

- IPL TWENTY - 20 ਕ੍ਰਿਕਟ ਵਿੱਚ, ਮੁੰਬਈ ਇੰਡੀਅਨਜ਼ ਅੱਜ ਵਾਨਖੇੜੇ ਸਟੇਡੀਅਮ ਵਿੱਚ ਦਿੱਲੀ ਕੈਪੀਟਲਜ਼ ਖਿਲਾਫ਼ ਮੈਦਾਨ 'ਚ ਉਤਰੇਗੀ. ਮੈਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਏਗਾ ।

------------------------------------------------------------

ਭਾਰਤ ਨੇ ਪਾਕਿਸਤਾਨ ਦੀ ਹਮਾਇਤ ਵਾਲੀ ਦਹਿਸ਼ਤਗਰਦੀ ਨੂੰ ਹੋਰ ਬੇਨਕਾਬ ਕਰਨ ਲਈ ਆਪਣੀ ਜ਼ੋਰਦਾਰ ਆਲਮੀ ਮੁਹਿੰਮ ਸ਼ੁਰੂ ਕੀਤੀ ਏ, ਜਿਸ ਵਿੱਚ ਦੋ ਸਰਬ ਪਾਰਟੀ ਡੈਲੀਗੇਸ਼ਨ ਅੱਜ ਨੌਂ ਦੇਸ਼ਾਂ ਲਈ ਰਵਾਨਾ ਹੋਏ ਨੇ. ਜਨਤਾ ਦਲ (UNITED) ਦੇ ਸੰਸਦ ਮੈਂਬਰ ਸੰਜੇ ਕੁਮਾਰ ਝਾਅ ਦੀ ਅਗਵਾਈ ਵਿੱਚ ਇੱਕ ਸਰਬ ਪਾਰਟੀ ਡੈਲੀਗੇਸ਼ਨ ਆਪ੍ਰੇਸ਼ਨ ਸਿੰਦੂਰ 'ਤੇ ਭਾਰਤ ਦੇ ਕੂਟਨੀਤਕ ਪਹੁੰਚ ਦੇ ਹਿੱਸੇ ਵਜੋਂ ਇੰਡੋਨੇਸ਼ੀਆ, ਮਲੇਸ਼ੀਆ, ਦੱਖਣੀ ਕੋਰੀਆ, ਜਾਪਾਨ ਅਤੇ ਸਿੰਗਾਪੁਰ ਦੇ ਪੰਜ ਦੇਸ਼ਾਂ ਦੇ ਦੌਰੇ ਲਈ ਰਵਾਨਾ ਹੋਇਆ। ਸ਼ਿਵ ਸੈਨਾ ਦੇ ਸੰਸਦ ਮੈਂਬਰ ਸ਼੍ਰੀਕਾਂਤ ਸ਼ਿੰਦੇ ਦੀ ਅਗਵਾਈ ਵਿੱਚ ਇੱਕ ਹੋਰ ਡੈਲੀਗੇਸ਼ਨ ਵੀ ਯੂਏਈ,

ਲਾਇਬੇਰੀਆ, ਕਾਂਗੋ ਅਤੇ ਸੀਅਰਾ ਲਿਓਨ ਦੇ ਦੌਰੇ 'ਤੇ ਜਾ ਰਿਹਾ ਏ ਤਾਂ ਜੋ ਭਾਰਤ ਦੇ ਸਾਰੇ ਰੂਪਾਂ ਵਿੱਚ ਦਹਿਸ਼ਤ ਗਰਦੀ ਦੇ ਮੁਕਾਬਲਾ ਕਰਨ ਦੇ ਅਹਿਦ ਦੀ ਪੁਸ਼ਟੀ ਕੀਤੀ ਜਾ ਸਕੇ। ਆਪਣੇ ਵਫ਼ਦ ਦੇ ਰਵਾਨਾ ਹੋਣ ਤੋਂ ਪਹਿਲਾਂ ਮੀਡੀਆ ਨਾਲ ਗੱਲਬਾਤ ਕਰਦਿਆਂ, ਸ਼੍ਰੀ ਸੰਜੇ ਝਾਅ ਨੇ ਕਿਹਾ ਕਿ ਦਹਿਸ਼ਤਗਰਦੀ ਪਾਕਿਸਤਾਨ ਦੀ ਸਰਕਾਰੀ ਨੀਤੀ ਦਾ ਹਿੱਸਾ ਏ, ਅਤੇ ਉਹ ਦੁਨੀਆ ਨੂੰ ਦੱਸਣਗੇ ਕਿ ਇਸਲਾਮਾਬਾਦ ਕਿਵੇਂ ਦਹਿਸ਼ਤਗਰਦੀ ਨੂੰ ਹਮਾਇਤ ਦੇ ਰਿਹਾ ਏ – byte ਆਉਣ ਵਾਲੇ ਦਿਨਾਂ ਵਿੱਚ ਛੇ ਹੋਰ ਵਫ਼ਦ ਵੀ ਆਪਣਾ ਦੌਰਾ ਸ਼ੁਰੂ ਕਰਨਗੇ। ਇਹ ਵਫ਼ਦ ਅਗਲੇ ਮਹੀਨੇ ਦੀ 5 ਤਰੀਕ ਤੱਕ ਕੁੱਲ 32 ਦੇਸ਼ਾਂ ਦਾ ਦੌਰਾ ਕਰਨਗੇ ਤਾਂ ਜੋ ਪਾਕਿਸਤਾਨ-ਦੀ ਹਮਾਇਤਵਾਲੀ ਦਹਿਸ਼ਤਗਰਦੀ ਵਿਰੁੱਧ ਭਾਰਤ ਦੇ ਦ੍ਰਿੜ ਸਟੈਂਡ ਨੂੰ ਪੇਸ਼ ਕੀਤਾ ਜਾ ਸਕੇ।

------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ (ABSS) ਤਹਿਤ ਦੇਸ਼ ਭਰ ਦੇ ਮੁੜ੍ਹ ਤੋਂ ਵਿਕਸਿਤ ਕੀਤੇ

ਗਏ 103 ਰੇਲਵੇ ਸਟੇਸ਼ਨ ਜਨਤਾ ਨੂੰ ਸਮਰਪਿਤ ਕਰਨਗੇ। ਰੇਲਵੇ ਮੰਤਰਾਲੇ ਦੁਆਰਾ ਦਸੰਬਰ 2022 ਵਿੱਚ ਸ਼ੁਰੂ ਕੀਤੀ ਗਈ ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਦਾ ਉਦੇਸ਼ 1,300 ਤੋਂ ਵੱਧ ਸਟੇਸ਼ਨਾਂ ਨੂੰ ਮਲਟੀਮੋਡਲ ਏਕੀਕਰਣ ਅਤੇ ਭਵਿੱਖ ਲਈ ਤਿਆਰ ਸਹੂਲਤਾਂ ਵਾਲੇ ਆਧੁਨਿਕ ਹੱਬਾਂ ਵਿੱਚ ਬਦਲਣਾ ਹੈ। ਵੱਖ-ਵੱਖ ਸਟੇਸ਼ਨਾਂ 'ਤੇ ਇਨ੍ਹਾਂ ਕੰਮਾਂ ਲਈ ਨੀਂਹ ਪੱਥਰ ਅਗਸਤ 2023 ਅਤੇ ਫਰਵਰੀ 2024 ਦੇ ਵਿਚਕਾਰ ਰੱਖਿਆ ਗਿਆ ਸੀ।

------------------------------------------------------------

ਸਰਹੱਦੀ ਸੁਰੱਖਿਆ ਬਲ (BSF) ਨੇ ਬੀਤੀ ਸ਼ਾਮ ਅੰਮ੍ਰਿਤਸਰ ਦੇ ਸਰਹੱਦੀ ਇਲਾਕੇ ਵਿੱਚੋਂ ਇਕ ਪਾਕਿਸਤਾਨੀ ਘੁਸਪੈਠੀਏ ਨੂੰ ਹਿਰਾਸਤ ਵਿਚ ਲਿਆ ਏ। ਫੌਜ ਨੇ ਇਸ ਵਿਅਕਤੀਦੀ ਸ਼ੱਕੀ ਸਰਗਰਮੀ ਦੇਖੀ ਸੀ, ਜਿਸ ਨੇ ਪਹਿਲਾਂ ਅੰਤਰਰਾਸ਼ਟਰੀ ਸਰਹੱਦ ਪਾਰ ਕੀਤੀ ਤੇ ਫਿਰ ਸਰਹੱਦੀ ਕੰਡਿਆਲੀਤਾਰ ਦੇ ਨੇੜੇ ਆਉਣਾ ਸ਼ੁਰੂ ਕਰ ਦਿੱਤਾ ਸੀ। ਤੇਜੀ ਨਾਲ ਕਾਰਵਾਈ
ਕਰਦਿਆਂ ਫੌਜ ਨੇ ਉਸ ਨੂੰ ਰੋਕਣ ਲਈ ਵੰਗਾਰਿਆ ਤੇ ਬਾਅਦ ਵਿ

ਚ ਕਾਬੂ ਕਰ ਲਿਆ। ਬੀ.ਐੱਸ.ਐੱਫ. ਹਲਕਿਆਂ ਮੁਤਾਬਕ ਘੁਸਪੈ ਠੀਏ ਨੇ ਆਪਣੀ ਪਛਾਣ ਪਾਕਿਸਤਾਨੀ ਨਾਗਰਿਕ ਵਜੋਂਦੱਸੀ ਏ। ਬੀ.ਐੱਸ.ਐੱਫ. ਅਤੇ ਸਹਿਯੋਗੀ ਏਜੰਸੀਆਂ ਨੇ ਘੁਸਪੈਠੀਏ ਤੋਂ ਸ਼ੁਰੂ ਆਤੀ ਪੁੱਛਗਿੱਛ ਕੀਤੀ ਏ ਅਤੇ ਅੰਤਰਰਾਸ਼ਟਰੀ ਸਰਹੱਦ ਪਾਰ ਕ ਰਨ ਦੇ ਉਸ ਦੇ ਮਕਸਦਬਾਰੇ ਜਾਣਨ ਲਈ ਸਥਾਨਕ ਪੁਲਿਸ ਦੇ ਹਵਾਲੇ ਕਰ ਦਿੱਤਾ ਏ।

-------------------------------------------------------------

ਇੱਕ ਹੋਰ ਘਟਨਾ ‘ਚ ਬੀਤੀ ਦੇਰ ਰਾਤ ਪਠਾਨਕੋਟ ਚ ਸਰਹੱਦੀ ਖੇਤਰ ਦੇ ਬਮਿਆਲ ਸੈਕਟਰ ਤਹਿਤ ਆਉਂਦੇਪਿੰਡ ਪਹੜੀਪੁਰ ਵਿਖੇ ਭਾਰਤ ਪਾਕਿਸਤਾਨ ਸਰਹੱਦ ਉੱਤੇਬੀ. ਐੱਸ. ਐੱਫ. ਨੇ ਭਾਰਤ ਦੀ ਸਰਹੱਦ ਵਿਚੋਂ ਪਾਕਿਸਤਾਨ ਵਾਲੇਪਾਸੇ ਦਾਖ਼ ਲ ਹੁੰਦੇ ਹੋਏ ਇਕ ਬੰਗਲਾਦੇਸ਼ੀ ਸ਼ੱਕੀ ਵਿਅਕਤੀ ਨੂੰ ਕਾਬੂ ਕਰ ਲਿ ਆ। ਉਸ ਨੂੰ ਬੀ. ਐੱਸ. ਐੱਫ. ਵੱਲੋਂ ਨਰੋਟ ਜੈਮਲ ਸਿੰਘ ਪੁਲੀਸ

ਦੇ ਹਵਾਲੇ ਕਰ ਦਿੱਤਾ ਗਿਆ ਏ.ਪੁਲੀਸ ਵੱਲੋਂ ਇਸ ਵਿਅਕਤੀ ਨੂੰ ਰਿਹਾਸਤ ਵਿਚ ਲੈ ਕੇ ਜਾਂਚ ਪੜਤਾਲ ਕੀਤੀ ਜਾ ਰਹੀ ਹੈ।

-------------------------------------------------

ਕਾਰਗਿਲ ਜੰਗ ਵਿੱਚ ਇੱਕ ਮੁੱਖ ਸ਼ਖਸੀਅਤ, ਬ੍ਰਿਗੇਡੀਅਰ ਖੁਸ਼ਹਾਲ ਠਾਕੁਰ (ਸੇਵਾਮੁਕਤ), ਜਿਹਨਾਂ ਨੇ 18 ਗ੍ਰੇਨੇਡੀਅਰਜ਼ ਦੇ ਆਪਣੇ ਜਵਾਨਾਂ ਦੀ, ਟਾਈਗਰ ਹਿੱਲ 'ਤੇ ਕਬਜ਼ਾ ਕਰਨ ਲਈ ਅਗਵਾਈ ਕੀਤੀ, ਨੇ 'ਆਪ੍ਰੇਸ਼ਨ ਸਿੰਦੂਰ' ਦੀ ਸ਼ਾਨਦਾਰ ਕਾਮਯਾਬੀ ਲਈ ਸ਼ਲਾਘਾ ਕੀਤੀ ਏ. ਉਨ੍ਹਾਂ ਕਿਹਾ ਕਿ ਜਦੋਂ ਦੁਸ਼ਮਣ ਦੇਸ਼ ਨੇ ਕੇਂਦਰ ਸ਼ਾਸਤ ਪ੍ਰਦੇਸ਼ ਜੰਮੂ-ਕਸ਼ਮੀਰ ਅਤੇ ਸਰਹੱਦੀ ਰਾਜ ਪੰਜਾਬ ਵਿੱਚ ਸਾਡੇ ਨਾਗਰਿਕਾਂ ਨੂੰ ਨਿਸ਼ਾਨਾ ਬਣਾਇਆ ਤਾਂ ਭਾਰਤ ਦੀਆਂ ਹਥਿਆਰਬੰਦ ਫੌਜਾਂ ਨੇ ਪਾਕਿਸਤਾਨ ਨੂੰ ਢੁਕਵਾਂ ਜਵਾਬ ਦਿੱਤਾ ਏ

-------------------------------------------------

ਅੱਜ ਲੁਧਿਆਣਾ ਕੰਪਲੈਕਸ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਦੀ ਖਬਰ ਸਾਹਮਣੇ ਆਈ. ਸਵੇਰੇ 9 ਵਜੇ ਦੇ ਕਰੀਬ ਇੱਕ ਏ MAIL ਰਾਹੀਂ ਇਹ ਧਮਕੀ ਮਿਲੀ. ਧਮਕੀ ਮਿਲਣ ਦੇ

ਤੁਰੰਤ ਬਾਅਦ ਤੋਂ ਪੂਰੇ ਆਫਿਸ ਕੰਪਲੈਕਸ ਦੀ ਜਾਂਚ ਕੀਤੀ ਜਾ ਰਹੀ ਏ. LUDHIANAN ਦੇ DC, Himanshu Jain ਨੇ ਦੱਸਿਆ ਏ ਕਿ ਤਫਤੀਸ਼ ਜਾਰੀ ਏ ਅਤੇ e- ਮੇਲ ਦੀ ਜਾਂਚ ਸਾਈਬਰ ਕ੍ਰਾਈਮ ਬ੍ਰਾਂਚ ਵਲੋਂ ਕੀਤੀ ਜਾ ਰਹੀ ਏ. ਵਧੇਰੇ ਜਾਣਕਾਰੀ ਦਿੰਦਿਆਂ ਓਹਨਾਂ ਦੱਸਿਆ – BYTE – LUDHIANA DC – 21 sec

---------------------------------------------------

ਗੈਂਗਸਟਰਾਂ ਤੇ ਸ਼ਿਕੰਜਾ ਕੱਸਦੇ ਹੋਏ, ਜਲੰਧਰ ਕਮਿਸ਼ਨਰੇਟ ਪੁਲਿਸ ਨੇ ਬੀਤੇ ਕਲ੍ਹ ਇੱਕ ਮੁੱਠਭੇੜ ਤੋਂ ਬਾਅਦ ਦੋ ਬਦਨਾਮ ਗੈਂਗਸਟਰਾਂ - ਆਕਾਸ਼ਦੀਪ ਸਿੰਘ ਅਤੇ ਗੌਰਵ ਕਪਿਲਾ - ਨੂੰ ਸਫਲਤਾ ਨਾਲ ਕਾਬੂ ਕਰ ਲਿਆ। ਇਸ ਬਾਰੇ ਵੇਰਵੇ ਦਿੰਦਿਆਂ, ਜਲੰਧਰ ਦੇ ਪੁਲਿਸ ਕਮਿਸ਼ਨਰ ਦੱਸਿਆ ਕਿ ਦੋਸ਼ੀਆ ਵਿਰੁੱਧ ਮੁਕੱਦਮਾ ਦਰਜ ਸੀ. ਦੋਸ਼ੀ ਆਕਾਸ਼ਦੀਪ ਸਿੰਘ ਉਰਫ਼ ਆਕਾਸ਼, ਗੌਰਵ ਕਪਿਲਾ ਖਿਲਾਫ ਪਹਿਲਾਂ ਹੀ ਕਈ ਮਾਮਲੇ ਦਰਜ ਨੇ. ਉਨ੍ਹਾਂ ਨੇ ਅੱਗੇ ਕਿਹਾ ਕਿ ਇਹਨਾਂ ਦੋਵਾਂ ਦੋਸ਼ੀਆਂ ਨੂੰ ਮੋਹਾਲੀ ਦੇ ਥਾਣਾ ਢਕੋਲੀ ਦੇ ਅਧਿਕਾਰ ਖੇਤਰ ਅਧੀਨ ਮੈਟਰੋ

ਟਾਊਨ ਸੋਸਾਇਟੀ ਵਿਖੇ ਟਰੈਕ ਕਰਕੇ ਗ੍ਰਿਫ਼ਤਾਰ ਕੀਤਾ ਗਿਆ। ਪੁਲਿਸ ਟੀਮ ਨੂੰ ਦੇਖ ਕੇ, ਦੋਵਾਂ ਗੈਂਗਸਟਰਾਂ ਨੇ ਭੱਜਣ ਦੀ ਕੋਸ਼ਿਸ਼ ਵਿੱਚ ਗੋਲੀਆਂ ਚਲਾ ਦਿੱਤੀਆਂ। ਪੁਲਿਸ ਨੇ ਫੌਰਨ ਜਵਾਬੀ ਕਾਰਵਾਈ ਕੀਤੀ, ਜਿਸ ਦੇ ਨਤੀਜੇ ਵਜੋਂ ਇਹ ਮੁਕਾਬਲਾ ਹੋਇਆ। ਗੋਲੀਬਾਰੀ ਦੌਰਾਨ, ਦੋਵੇਂ ਗੈਂਗਸਟਰ ਗੰਭੀਰ ਜ਼ਖਮੀ ਹੋ ਗਏ . ਦੋਸ਼ੀਆਂ ਕੋਲੋਂ 2 ਪਿਸਤੌਲ, 3 ਜ਼ਿੰਦਾ ਕਾਰਤੂਸ ਅਤੇ 6 ਵਰਤੇ ਹੋਏ ਕਾਰਤੂਸ ਬਰਾਮਦ ਕੀਤੇ ਗਏ। ਇੱਕ ਹੋਰ ਕਾਰਵਾਈ ‘ਚ ਰਾਜਵਿਆਪੀ ਨਸ਼ਾ ਵਿਰੋਧੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਤਹਿਤ, ਕਮਿਸ਼ਨਰੇਟ ਪੁਲਿਸ ਜਲੰਧਰ ਨੇ ਪੁਲਿਸ ਕਮਿਸ਼ਨਰ ਸ਼੍ਰੀਮਤੀ ਧਨਪ੍ਰੀਤ ਕੌਰ ਦੀ ਅਗਵਾਈ ਹੇਠ ਸਰਹੱਦ ਪਾਰ ਨਸ਼ਾ ਤਸਕਰੀ ਰੈਕੇਟ ਦਾ ਪਰਦਾਫਾਸ਼ ਕਰਦਿਆਂ ਇੱਕ ਵਿਅਕਤੀ ਨੂੰ 5 ਕਿਲੋ ਹੈਰੋਇਨ ਅਤੇ 22,ਹਜ਼ਾਰ ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕੀਤਾ ਏ। ਵੇਰਵਾ ਸਾਂਝਾਂ ਕਰਦੇ ਹੋਏ, ਜਲੰਧਰ ਦੇ ਪੁਲਿਸ ਕਮਿਸ਼ਨਰ ਨੇ ਦੱਸਿਆ ਕਿਹਾ ਕਿ, ਸੀਆਈਏ ਸਟਾਫ ਦੀ ਇੱਕ ਟੀਮ ਨੇ ਸ਼ਿਵਮ ਸੋਢੀ ਉਰਫ ਸ਼ਿਵਾ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਸ ਤੋਂ 5 ਕਿਲੋ ਹੈਰੋਇਨ ਅਤੇ 22,ਹਜ਼ਾਰ ਰੁਪਏ ਡਰੱਗ

ਮਨੀ ਬਰਾਮਦ ਕੀਤੀ। ਦੋਸ਼ੀ ਖਿਲਾਫ਼ ਕਾਰਵਾਈ ਕਰਦੇ ਹੋਏ, ਮੁਕੱਦਮਾ ਦਰਜ ਕੀਤਾ ਗਿਆ ਏ । ਓਹਨਾਂ ਦਸਿਆ ਕਿ ਦੋਸ਼ੀ ਖਿਲਾਫ ਪਹਿਲਾਂ ਹੀ ਤਿੰਨ FIRs ਦਰਜ ਨੇ.

---------------------------------------------------

ਅੱਜ ਭਾਰਤੀ ਜਨਤਾ ਪਾਰਟੀ ਐਸ.ਸੀ ਮੋਰਚਾ ਦੇ ਉਪ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਪੱਟੀਦਰਜ ਜਾਤਾਂ ਬਾਰੇ ਰਾਸ਼ਟਰੀ ਕਮਿਸ਼ਨ ਦੇ ਚੇਅਰਮੈਨ ਸ੍ਰੀ ਕਿਸ਼ੋਰ ਮਕਵਾਨਾ ਨਾਲ ਦਿੱਲੀ ਵਿਖੇ ਉਨ੍ਹਾਂ ਦੇ ਦਫ਼ਤਰ ਵਿੱਚ ਪੱਟੀਦਰਜ ਜਾਤਾਂ ਦੇ ਗੰਭੀਰ ਮੁੱਦਿਆਂ ਨੂੰ ਲੈ ਕੇ ਮੁਲਾਕਾਤ ਕੀਤੀ। ਮੁਲਾਕਾਤ ਦੌਰਾਨ ਭਾਜਪਾ ਨੇਤਾ ਨੇ, ਸ੍ਰੀ ਮਕਵਾਨਾ ਕੋਲ ਚਿੰਤਾ ਜ਼ਾਹਿਰ ਕੀਤੀ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੱਟੀਦਰਜ ਜਾਤਾਂ ਦੇ ਭਾਈਚਾਰੇ ਨਾਲ ਸਬੰਧਤ ਮੁੱਦਿਆਂ ਪ੍ਰਤੀ ਗੰਭੀਰ ਨਹੀਂ ਏ ਸਗੋਂ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਯੋਜਨਾਵਾਂ ਨੂੰ ਲਾਗੂ ਕਰਨ ਵਿੱਚ ਰਾਜਨੀਤੀ ਕਰ ਰਹੀ ਏ . ਇਸ ਮਾਮਲੇ ਦਾ ਗੰਭੀਰ ਨੋਟਿਸ ਲੈਂਦਿਆਂ ਚੇਅਰਮੈਨ ਕਿਸ਼ੋਰ ਮਕਵਾਨਾ ਨੇ ਭਰੋਸਾ ਦਿੱਤਾ

ਕਿ ਕਮਿਸ਼ਨ, ਪੰਜਾਬ ਸਰਕਾਰ ਤੋਂ ਘੁਟਾਲੇ ਸਬੰਧੀ ਜਾਂਚ ਰਿਪੋਰਟ ਪੇਸ਼ ਕਰਨ ਲਈ ਜਵਾਬ ਮੰਗੇਗਾ। ਅੰਮ੍ਰਿਤਸਰ ਜ਼ਿਲ੍ਹੇ ਦੇ ਸਰਹੱਦੀ ਇਲਾਕਿਆਂ ਵਿੱਚ ਜ਼ਹਿਰੀਲੀ ਸ਼ਰਾਬ ਕਾਰਨ 27 ਤੋਂ ਵੱਧ ਲੋਕਾਂ ਦੀ ਹਾਲ ਹੀ ਵਿੱਚ ਹੋਈ ਮੌਤ ਦਾ ਸਖ਼ਤ ਨੋਟਿਸ ਲੈਂਦੇ ਹੋਏ, ਭਾਰਤੀ ਜਨਤਾ ਪਾਰਟੀ SC ਮੋਰਚਾ ਵੱਲੋਂ, ਪੰਜਾਬ ਦਾ ਦੌਰਾ ਕਰਨ ਅਤੇ ਪੀੜਤਾਂ ਨੂੰ ਇਨਸਾਫ਼ ਦਿਵਾਉਣ ਦੀ ਮੰਗ ਨੂੰ ਸਵੀਕਾਰ ਕਰਦੇ ਹੋਏ, ਭਾਜਪਾ ਨੇਤਾ ਕੈਂਥ ਨੇ ਕਿਹਾ ਕਿ ਮੀਟਿੰਗ ਦੌਰਾਨ ਪੱਟੀਦਰਜ ਜਾਤਾਂ ਬਾਰੇ ਰਾਸ਼ਟਰੀ ਕਮਿਸ਼ਨ ਦੇ ਚੇਅਰਮੈਨ ਨੇ ਜਲਦ ਹੀ ਪੰਜਾਬ ਦਾ ਦੌਰਾ ਕਰਨ ਦਾ ਭਰੋਸਾ ਦਿੱਤਾ ਏ।

------------------------------------------------

ਸੂਬਾ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਵੱਡੇ ਪੱਧਰ ‘ਤੇ ਮਨਾਉਣ ਲਈ ਫੈਸਲਾ ਲਿਆ ਗਿਆ ਏ ਅਤੇ ਉਨਾਂ ਦੇ ਚਰਨ ਛੋਹ ਪ੍ਰਾਪਤ ਸਥਾਨਾਂ ਉੱਤੇ ਵੱਡੇ ਸਮਾਗਮ ਕਰਵਾਏ ਜਾਣਗੇ। ਅਜਨਾਲਾ ਹਲਕੇ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਕੁਲਦੀਪ ਸਿੰਘ

ਧਾਲੀਵਾਲ ਨੇ ਕਿਹਾ ਕਿ ਸੂਬਾ ਸਰਕਾਰ, ਨੌਵੇਂ ਗੁਰੂ, ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਵੱਡੇ ਪੱਧਰ 'ਤੇ ਮਨਾਉਣ ਲਈ ਲੜੀਵਾਰ ਸਮਾਗਮ ਕਰਵਾਉਣ ਲਈ ਪੂਰੀ ਤਰ੍ਹਾਂ ਸਮਰਪਿਤ ਏ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਬੇਮਿਸਾਲ ਅਤੇ ਵਿਲੱਖਣ ਕੁਰਬਾਨੀ, ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਹਮੇਸ਼ਾ ਪ੍ਰੇਰਨਾ ਸਰੋਤ ਰਹੇਗੀ, ਨੂੰ ਸਿਜਦਾ ਕਰਨ ਲਈ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸੈਮੀਨਾਰ ਵੀ ਕਰਵਾਏ ਜਾਣਗੇ। ਉਨਾਂ ਨੇ ਕਿਹਾ ਕਿ ਇਸ ਦੇ ਨਾਲ-ਨਾਲ ਰਾਜ ਭਰ ਵਿੱਚ ਲੜੀਵਾਰ ਸਮਾਗਮ ਕਰਵਾਏ ਜਾਣਗੇ ਅਤੇ ਗੁਰੂ ਸਾਹਿਬ ਦੀਆਂ ਚਰਨ-ਛੋਹ ਪ੍ਰਾਪਤ ਥਾਵਾਂ ਦਾ ਵਿਆਪਕ ਵਿਕਾਸ ਯਕੀਨੀ ਬਣਾਇਆ ਜਾਵੇਗਾ।

---------------------------------------------------

ਭਾਰਤੀ ਮੌਸਮ ਵਿਭਾਗ (IMD) ਨੇ ਇਸ ਮਹੀਨੇ ਦੀ 26 ਤਰੀਕ ਤੱਕ ਪੰਜਾਬ, ਹਰਿਆਣਾ, ਤੇ ਚੰਡੀਗੜ੍ਹ ਵਿੱਚ ਗਰਜ, ਤੇਜ਼ ਹਵਾਵਾਂ ਅਤੇ ਬਿਜਲੀ ਚਮਕਣ ਦੇ ਨਾਲ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਏ. ਮੌਸਮ ਵਿਭਾਗ ਨੇ ਅੱਗੇ ਕਿਹਾ ਏ ਕਿ

ਅਗਲੇ ਸੱਤ ਦਿਨਾਂ ਤੱਕ ਉੱਤਰ-ਪੂਰਬੀ ਭਾਰਤ ਵਿੱਚ ਵੀ ਇਸੇ ਤਰ੍ਹਾਂ ਦੀ ਸਥਿਤੀ ਰਹਿਣ ਦੀ ਸੰਭਾਵਨਾ ਏ।

---------------------------------------------------

IPL TWENTY - 20 ਕ੍ਰਿਕਟ ਵਿੱਚ, ਮੁੰਬਈ ਇੰਡੀਅਨਜ਼ ਅੱਜ ਵਾਨਖੇੜੇ ਸਟੇਡੀਅਮ ਵਿੱਚ ਦਿੱਲੀ ਕੈਪੀਟਲਜ਼ ਖਿਲਾਫ਼ ਮੈਦਾਨ 'ਚ ਉਤਰੇਗੀ. ਮੈਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਏਗਾ। ਮੀਂਹ ਦੀ 85 ਫੀਸਦੀ ਸੰਭਾਵਨਾ ਦੇ ਨਾਲ, ਮੌਸਮ ਇੱਕ ਵੱਡੀ ਚਿੰਤਾ ਬਣਿਆ ਹੋਇਆ ਏ, ਅਤੇ ਨਤੀਜਾ ਨਿਰਧਾਰਤ ਕਰਨ ਲਈ ਡਕਵਰਥ-ਲੁਈਸ-ਸਟਰਨ (DLS) ਵਿਧੀ ਦੀ ਲੋੜ ਹੋ ਸਕਦੀ ਏ

---------------------------------------------------
------------

- ਭਾਰਤ ਵਲੋਂ ਪਾਕਿਸਤਾਨ ਦੀ ਹਮਾਇਤ ਵਾਲੀ ਹਿਸ਼ਤਗਰਦੀ ਨੂੰ ਹੋਰ ਬੇਨਕਾਬ ਕਰਨ ਲਈ ਸ਼ੁਰੂ ਕੀਤੀ ਗਈ ਆਪਣੀ ਜ਼ੋਰਦਾਰ ਆਲਮੀ ਮੁਹਿੰਮ ਤਹਿਤ ਦੋ ਸਰਬ ਪਾਰਟੀ ਡੈਲੀਗੇਸ਼ਨ ਅੱਜ ਨੌਂ ਦੇਸ਼ਾਂ ਲਈ ਰਵਾਨਾ ਹੋਏ ਨੇ.

- ਸਰਹੱਦੀ ਸੁਰੱਖਿਆ ਬਲ ਨੇ ਅੰਮ੍ਰਿਤਸਰ ਅਤੇ ਪਠਾਨਕੋਟ ਦੇ ਸਰਹੱਦੀ ਇਲਾਕਿਆਂ ਤੋਂ 2 ਪਾਕਿਸਤਾਨੀ ਘੁਸਪੈਠੀਆਂ ਨੂੰ ਫੜ੍ਹਿਆ ਏ.
- ਸੂਬਾ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਵੱਡੇ ਪੱਧਰ 'ਤੇ ਮਨਾਉਣ ਲਈ ਫੈਸਲਾ ਲਿਆ ਗਿਆ ਏ .
- ਭਾਰਤੀ ਮੌਸਮ ਵਿਭਾਗ ਨੇ ਇਸ ਮਹੀਨੇ ਦੀ 26 ਤਰੀਕ ਤੱਕ ਪੰਜਾਬ, ਹਰਿਆਣਾ, ਤੇ ਚੰਡੀਗੜ੍ਹ ਵਿੱਚ ਗਰਜ, ਤੇਜ਼ ਹਵਾਵਾਂ ਅਤੇ ਬਿਜਲੀ ਚਮਕਣ ਦੇ ਨਾਲ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਏ.
- IPL TWENTY - 20 ਕ੍ਰਿਕਟ ਵਿੱਚ, ਮੁੰਬਈ ਇੰਡੀਅਨਜ਼ ਅੱਜ ਵਾਨਖੇੜੇ ਸਟੇਡੀਅਮ ਵਿੱਚ ਦਿੱਲੀ ਕੈਪੀਟਲਜ਼ ਖਿਲਾਫ਼ ਮੈਦਾਨ 'ਚ ਉਤਰੇਗੀ. ਮੈਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਏਗਾ ।